ਨਿਰਧਨ ਆਦਰੁ ਕੋਈ ਨ ਦੇਇ ॥ ਲਾਖ ਜਤਨ ਕਰੈ ਓਹੁ ਚਿਤਿ ਨ ਧਰੇਇ ॥ ੧॥ ਰਹਾਉ ॥ ਜਉ ਨਿਰਧਨੁ ਸਰਧਨ ਕੈ ਜਾਇ ॥ ਆਗੇ ਬੈਠਾ ਪੀਠਿ ਫਿਰਾਇ ॥੧॥ ਜਉ ਸਰਧਨੁ ਨਿਰਧਨ ਕੈ ਜਾਇ ॥ ਦੀਆ ਆਦਰੁ ਲੀਆ ਬੁਲਾਇ ॥ ੨॥ ਨਿਰਧਨੁ ਸਰਧਨੁ ਦੋਨਉ ਭਾਈ ॥ ਪ੍ਰਭ ਕੀ ਕਲਾ ਨ ਮੇਟੀ ਜਾਈ ॥੩॥ ਕਹਿ ਕਬੀਰ ਨਿਰਧਨੁ ਹੈ ਸੋਈ ॥ ਜਾ ਕੇ ਹਿਰਦੈ ਨਾਮੁ ਨ ਹੋਈ ॥੪॥੮॥ {ਪੰਨਾ 1159}

ਪਦਅਰਥ:- ਨਿਰਧਨ—ਧਨ-ਹੀਣ ਨੂੰ, ਕੰਗਾਲ ਨੂੰ। ਕੋਈ—ਕੋਈ ਧਨ ਵਾਲਾ ਮਨੁੱਖ। ਓਹੁ—ਉਹ ਧਨੀ ਮਨੁੱਖ। ਚਿਤਿ ਨ ਧਰੇਇ—ਕੰਗਾਲ ਦੇ ਜਤਨਾਂ ਨੂੰ ਚਿੱਤ ਵਿਚ ਭੀ ਨਹੀਂ ਲਿਆਉਂਦਾ।1। ਰਹਾਉ।

ਸਰਧਨ—ਧਨੀ। ਸਰਧਨ ਕੈ—ਧਨੀ ਮਨੁੱਖ ਦੇ ਘਰ।1।

ਕਲਾ—ਖੇਡ, ਰਜ਼ਾ।3।

ਜਾ ਕੈ ਹਿਰਦੈ—ਜਿਸ ਦੇ ਹਿਰਦੇ ਵਿਚ।4।

ਅਰਥ:- ਕੋਈ (ਧਨੀ) ਮਨੁੱਖ ਕਿਸੇ ਕੰਗਾਲ ਮਨੁੱਖ ਦਾ ਸਤਿਕਾਰ ਨਹੀਂ ਕਰਦਾ। ਕੰਗਾਲ ਮਨੁੱਖ ਭਾਵੇਂ ਲੱਖਾਂ ਜਤਨ (ਧਨੀ ਨੂੰ ਖ਼ੁਸ਼ ਕਰਨ ਦੇ) ਕਰੇ, ਉਹ ਧਨੀ ਮਨੁੱਖ (ਉਸ ਦੇ ਜਤਨਾਂ ਦੀ) ਪਰਵਾਹ ਨਹੀਂ ਰੱਖਦਾ।1। ਰਹਾਉ।

ਜੇ ਕਦੇ ਕੋਈ ਗ਼ਰੀਬ ਬੰਦਾ ਕਿਸੇ ਧਨਵਾਨ ਦੇ ਘਰ ਚਲਾ ਜਾਏ, ਅੱਗੋਂ ਉਹ ਧਨੀ ਬੈਠਾ (ਉਸ ਗ਼ਰੀਬ ਵਲੋਂ) ਪਿੱਠ ਮੋੜ ਲੈਂਦਾ ਹੈ।1।

ਪਰ ਜੇ ਧਨੀ ਮਨੁੱਖ ਗ਼ਰੀਬ ਦੇ ਘਰ ਜਾਏ, ਉਹ ਆਦਰ ਦੇਂਦਾ ਹੈ, ਜੀ-ਆਇਆਂ ਆਖਦਾ ਹੈ।2।

ਪ੍ਰਭੂ ਦੀ ਇਹ ਰਜ਼ਾ (ਜਿਸ ਕਰਕੇ ਕੋਈ ਗ਼ਰੀਬ ਰਹਿ ਗਿਆ ਤੇ ਕੋਈ ਧਨੀ ਬਣ ਗਿਆ) ਮਿਟਾਈ ਨਹੀਂ ਜਾ ਸਕਦੀ, ਉਂਞ ਕੰਗਾਲ ਤੇ ਧਨੀ ਦੋਵੇਂ ਭਰਾ ਹੀ ਹਨ (ਧਨੀ ਨੂੰ ਇਤਨਾ ਮਾਣ ਨਹੀਂ ਕਰਨਾ ਚਾਹੀਦਾ)।3।

ਕਬੀਰ ਆਖਦਾ ਹੈ—(ਅਸਲ ਵਿਚ) ਉਹ ਮਨੁੱਖ ਹੀ ਕੰਗਾਲ ਹੈ ਜਿਸ ਦੇ ਹਿਰਦੇ ਵਿਚ ਪ੍ਰਭੂ ਦਾ ਨਾਮ ਨਹੀਂ ਹੈ (ਕਿਉਂਕਿ ਧਨ ਇੱਥੇ ਹੀ ਰਹਿ ਜਾਂਦਾ ਹੈ, ਤੇ ਨਾਮ-ਧਨ ਨੇ ਨਾਲ ਨਿਭਣਾ ਹੈ; ਦੂਜੇ, ਕਿਤਨਾ ਹੀ ਧਨ ਮਨੁੱਖ ਇਕੱਠਾ ਕਰੀ ਜਾਏ, ਕਦੇ ਰੱਜਦਾ ਨਹੀਂ, ਮਨ ਭੁੱਖਾ ਕੰਗਾਲ ਹੀ ਰਹਿੰਦਾ ਹੈ)।4।8।